20/C

ਪੰਜਾਬੀ ਯੂਨੀਵਰਸਿਟੀ,ਪਟਿਆਲਾ
(1961 ਦੇ ਪੰਜਾਬ ਐਕਟ ਨੰ: 35 ਤਹਿਤ ਸਥਾਪਿਤ)

ਨੰ: 10867 ਸ.1/ਕਾਲਜ
ਮਿਤੀ: 25/10/2023

ਯੂਨੀਵਰਸਿਟੀ ਨਾਲ ਸਬੰਧਤ
ਸਮੂਹ ਕਾਲਜਾਂ ਦੇ ਪ੍ਰਿੰਸੀਪਲ/ਡਾਇਰੈਕਟਰ ਸਾਹਿਬਾਨ ਨੂੰ

ਵਿਸ਼ਾ : ਸੈਸ਼ਨ 2023-24 ਦੌਰਾਨ ਰੀ-ਅਪੀਅਰ ਵਿਦਿਆਰਥੀਆਂ ਦੇ ਦਾਖਲੇ ਸਬੰਧੀ।

ਸ੍ਰੀਮਾਨ/ਸ੍ਰੀਮਤੀ ਜੀ

ਉਪਰੋਕਤ ਵਿਸ਼ੇ ਤੇ ਮਾਨਯੋਗ ਵਾਈਸ-ਚਾਂਸਲਰ ਸਾਹਿਬ ਵੱਲੋਂ ਅਕਾਦਮਿਕ ਕੌਂਸਲ ਦੀ ਪ੍ਰਵਾਨਗੀ ਦੀ ਆਸ ਵਿੱਚ ਹੋਏ ਆਦੇਸ਼ਾਂ ਅਨੁਸਾਰ ਸੂਚਿਤ ਕੀਤਾ ਜਾਂਦਾ ਹੈ ਕਿ ਇਸ ਦਫ਼ਤਰ ਵੱਲੋਂ ਸੈਸ਼ਨ 2023-24 ਦੌਰਾਨ ਰੀ-ਅਪੀਅਰ ਵਿਦਿਆਰਥੀਆਂ ਦੇ ਦਾਖਲੇ ਸਬੰਧੀ ਪਹਿਲਾਂ ਜਾਰੀ ਕੀਤਾ ਗਿਆ ਪੱਤਰ ਨੰ: 8295ਸ.1/ਕਾਲਜ ਮਿਤੀ 30.6.2023, ਗ੍ਰੈਜੂਏਸ਼ਨ ਦੇ ਆਨਰਜ਼ ਕੋਰਸਾਂ ਤੇ ਵੀ ਸਮਾਨ ਰੂਪ ਵਿੱਚ ਲਾਗੂ ਸਮਝਿਆ ਜਾਵੇਗਾ। ਜੇਕਰ ਇਨ੍ਹਾਂ ਕੋਰਸਾਂ ਵਿੱਚ ਵੀ ਦੋ ਵਿਸ਼ਿਆਂ ਵਿੱਚੋਂ ਰੀ-ਅਪੀਅਰ ਆਉਂਦੀ ਹੈ ਤਾਂ ਉਨ੍ਹਾਂ ਵਿਦਿਆਰਥੀਆਂ ਨੂੰ ਪੋਸਟ-ਗ੍ਰੈਜੂਏਟ ਕੋਰਸਾਂ ਵਿੱਚ ਦਾਖਲਾ ਦਿੱਤਾ ਜਾ ਸਕਦਾ ਹੈ ਪਰੰਤੂ ਇੱਥੇ ਇਹ ਵੀ ਸਪੱਸ਼ਟ ਕੀਤਾ ਜਾਂਦਾ ਹੈ ਕਿ ਵਿਦਿਆਰਥੀ ਜਿਸ ਵਿਸ਼ੇ ਦੀ ਪੋਸਟ-ਗ੍ਰੈਜੂਏਸ਼ਨ ਡਿਗਰੀ ਕਰਨਾ ਚਾਹੁੰਦਾ ਹੈ ਉਹ ਵਿਸ਼ਾ ਅੰਡਰ-ਗ੍ਰੈਜੂਏਟ ਪੱਧਰ ਤੇ ਪਾਸ ਹੋਣਾ ਲਾਜ਼ਮੀ ਹੋਵੇਗਾ।

20.10.23

ਡੀਨ, ਕਾਲਜ ਵਿਕਾਸ ਕੌਂਸਲ